# ਦਫ਼ਤਰ ਡਾਇਰੈਕਟਰ ਜਨਰਲ ਸਕੂਲ ਐਜੂਕੇਸ਼ਨ,ਪੰਜਾਬ
# ਸਰਵ ਸਿੱਖਿਆ ਅਭਿਆਨ ਅਥਾਰਟੀ (ਪੰਜਾਬ)

**ਐਸ.ਸੀ.ਓ.ਨੰ:104-106, ਦੂਜੀ ਅਤੇ ਤੀਜੀ ਮੰਜ਼ਿਲ ਸੈਕਟਰ 34-ਏ ਚੰਡੀਗੜ੍ਹ।**

---

ਵੱਲ

1. ਰਾਜ ਦੇ ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿੱ.)
2. ਰਾਜ ਦੇ ਸਮੂਹ ਜ਼ਿਲ੍ਹਾ ਸਾਇੰਸ ਸੁਪਰਵਾਈਜਰ
3. ਰਾਜ ਦੇ ਸਮੂਹ ਸਕੂਲ ਮੁੱਖੀ (ਵੈੱਬ ਸਾਈਟ ਰਾਹੀਂ)

ਮੀਮੋ ਨੰ:ਸਸਅ/ਐਮਸੀ/2010/2342-2381
ਮਿਤੀ,ਚੰਡੀਗੜ੍ਹ 19 ਜਨਵਰੀ 2010

**ਵਿਸ਼ਾ:- ਸਾਇੰਸ ਦੇ ਪ੍ਰੈਕਟੀਕਲ ਕਰਵਾਉਣ ਸਬੰਧੀ।**

1.0 ਉਪਰੋਕਤ ਵਿਸ਼ੇ ਦੇ ਸਬੰਧ ਵਿੱਚ।

2.0 ਸਮੇਂ ਸਮੇਂ ਸਿਰ ਕੀਤੇ ਗਏ ਸਕੂਲਾਂ ਦੇ ਨਿਰੀਖਣਾਂ ਦੌਰਾਨ ਇਹ ਗੱਲ ਸਾਹਮਣੇ ਆਈ ਹੈ ਕਿ ਛੇਵੀਂ ਤੋਂ ਲੈ ਕੇ ਦਸਵੀਂ ਜਮਾਤਾਂ ਤੱਕ ਸਾਇੰਸ ਦੇ ਪ੍ਰੈਕਟੀਕਲ ਵਿਦਿਅਕ ਸੈਸ਼ਨ ਦੌਰਾਨ ਕਰਾਏ ਜਾ ਰਹੇ ਸਿਲੇਬਸ ਦੇ ਨਹੀਂ ਕਰਵਾਏ ਜਾਂਦੇ ਸਗੋਂ ਇਹ ਪ੍ਰੈਕਟੀਕਲ ਸੈਸ਼ਨ ਦੇ ਅਖੀਰ ਵਿੱਚ ਜਨਵਰੀ, ਫਰਵਰੀ ਦੇ ਮਹੀਨਿਆਂ ਵਿੱਚ ਕਰਵਾਏ ਜਾਂਦੇ ਹਨ। ਜਿਸ ਨਾਲ ਸਾਇੰਸ ਦੀ ਪੜ੍ਹਾਈ ਨੂੰ ਪ੍ਰੈਕਟੀਕਲ ਦੁਆਰਾ ਸਮਝਣ ਦਾ ਮੰਤਵ ਪੂਰਾ ਨਹੀਂ ਹੁੰਦਾ।

3.0 ਇਸ ਉਪਰੋਕਤ ਮੁੱਦੇ ਨੂੰ ਮੱਦੇ ਨਜ਼ਰ ਰੱਖਦੇ ਹੋਏ ਇਹ ਫੈਸਲਾ ਲਿਆ ਗਿਆ ਹੈ ਕਿ ਆਉਂਦੇ ਵਿਦਿਅਕ ਸੈਸ਼ਨ ਵਿੱਚ ਟਾਈਮ ਟੇਬਲ ਬਣਾਉਣ ਲੱਗਿਆਂ ਛੇਵੀਂ ਤੋਂ ਦਸਵੀਂ ਤੱਕ ਜਮਾਤਾਂ ਲਈ ਸਾਇੰਸ ਵਿਸ਼ਿਆਂ ਦੇ ਪ੍ਰੈਕਟੀਕਲਾਂ ਦੇ ਪੀਰੀਅਡ ਰਾਖਵੇਂ ਰੱਖੇ ਜਾਣ ਜੇਕਰ ਹੋ ਸਕੇ ਤਾਂ ਹਫ਼ਤੇ ਵਿੱਚ ਇੱਕ ਦਿਨ ਸਾਇੰਸ ਦੇ ਪ੍ਰੈਕਟੀਕਲ ਲਈ ਜੁੜਵੇਂ ਪੀਰੀਅਡ ਰੱਖੇ ਜਾਣ। ਇਸ ਤੋਂ ਇਲਾਵਾ ਕੁਝ ਪ੍ਰੈਕਟੀਕਲ ਜਮਾਤ ਵਿੱਚ ਹੀ ਡੈਮਨਸਟ੍ਰੇਟ ਕੀਤੇ ਜਾਣ ਅਤੇ ਨਾਲ ਹੀ ਨਾਲ ਵਿਦਿਆਰਥੀਆਂ ਨੂੰ ਕਰਵਾਏ ਜਾਣ। ਵਿਦਿਆਰਥੀਆਂ ਦੀ ਪ੍ਰੈਕਟੀਕਲ ਨੋਟ ਬੁੱਕ ਵਿੱਚ ਨੋਟ ਕਰਵਾ ਕੇ ਮਿਤੀਬੱਧ ਤਰੀਕੇ ਨਾਲ ਚੈੱਕ ਕੀਤਾ ਜਾਵੇ ਅਤੇ ਟਰਮੀਨਲ ਇਗਜ਼ਾਮ ਵਿੱਚ ਪ੍ਰੈਕਟੀਕਲ ਦੀ ਬਕਾਇਦਾ ਪ੍ਰਯੋਗੀ ਪ੍ਰੀਖਿਆ ਲਈ ਜਾਵੇ।

4.0 ਉਪਰੋਕਤ ਪ੍ਰਤੀ ਪਾਈ ਗਈ ਅਣਗਹਿਲੀ ਦੀ ਜ਼ਿੰਮੇਵਾਰੀ ਸਕੂਲ ਮੁੱਖੀ ਅਤੇ ਵਿਸ਼ਾ ਅਧਿਆਪਕਾਂ ਦੀ ਹੋਵੇਗੀ।

**ਡਾਇਰੈਕਟਰ ਜਨਰਲ ਸਕੂਲ ਸਿੱਖਿਆ**
**ਪੰਜਾਬ,ਚੰਡੀਗੜ੍ਹ**